# Telephone Conversation between PM and Prime Minister of Sweden

April 07, 2020

………………………………………………………………………………………

## ਪ੍ਰਧਾਨ ਮੰਤਰੀ ਅਤੇ ਸਵੀਡਨ ਦੇ ਪ੍ਰਧਾਨ ਮੰਤਰੀ ਵਿਚਾਲੇ ਟੈਲੀਫੋਨ 'ਤੇ ਹੋਈ ਗੱਲਬਾਤ

07 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਸਵੀਡਨ ਦੇ ਮਹਾਮਹਿਮ ਪ੍ਰਧਾਨ ਮੰਤਰੀ ਸਟੀਫਨ ਲੋਫਵੇਨ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਵਰਤਮਾਨ ਕੋਵਿਡ -19 ਮਹਾਂਮਾਰੀ ਅਤੇ ਇਸ ਦੇ ਸਿਹਤ ਸੰਬੰਧੀ ਅਤੇ ਆਰਥਿਕ ਪ੍ਰਭਾਵਾਂ ਉੱਤੇ ਕਾਬੂ ਪਾਉਣ ਲਈ ਆਪੋ ਆਪਣੇ ਦੇਸ਼ਾਂ ਵਿੱਚ ਚੁੱਕੇ ਜਾ ਰਹੇ ਕਦਮਾਂ ਬਾਰੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਭਾਰਤੀ ਅਤੇ ਸਵੀਡਿਸ਼ ਖੋਜਕਰਤਾਵਾਂ ਅਤੇ ਵਿਗਿਆਨੀਆਂ ਵਿਚਾਲੇ ਭਾਈਵਾਲੀ ਅਤੇ ਅੰਕੜੇ ਸਾਂਝੇ ਕਰਨ ਦੀ ਸੰਭਾਵਨਾ 'ਤੇ ਸਹਿਮਤੀ ਪ੍ਰਗਟਾਈ, ਜਿਸ ਨਾਲ ਕੋਵਿਡ -19 ਖਿਲਾਫ ਜੰਗ ਵਿੱਚ ਕੀਤੇ ਜਾ ਰਹੇ ਵਿਸ਼ਵਵਿਆਪੀ ਯਤਨਾਂ ਵਿੱਚ ਵੀ ਮਦਦ ਮਿਲੇਗੀ।

ਦੋਨਾਂ ਆਗੂਆਂ ਨੇ ਮੌਜੂਦਾ ਸਮੇਂ' ਚ ਯਾਤਰਾ ਉੱਪਰ ਲੱਗੀਆਂ ਪਾਬੰਦੀਆਂ ਕਾਰਨ ਫਸੇ ਹੋਏ ਇਕ ਦੂਜੇ ਦੇ ਨਾਗਰਿਕਾਂ ਨੂੰ ਲੋੜੀਂਦੀ ਮਦਦ ਪ੍ਰਦਾਨ ਕਰਨ ਦਾ ਵਾਅਦਾ ਕੀਤਾ।

ਉਨ੍ਹਾਂ ਇਸ ਗੱਲ 'ਤੇ ਵੀ ਸਹਿਮਤੀ ਦਾ ਇਜ਼ਹਾਰ ਕੀਤਾ ਕਿ ਉਨ੍ਹਾਂ ਦੇ ਅਧਿਕਾਰੀ ਕੋਵਿਡ -19 ਖਿਲਾਫ ਜੰਗ ਲਈ ਡਾਕਟਰੀ ਸਮਾਨ ਦੀ ਉਪਲਬਧਤਾ ਨੂੰ ਵੱਧੋ ਵੱਧ ਕਰਨ ਲਈ ਆਪਸੀ ਸੰਪਰਕ ਬਣਾਈ ਰੱਖਣਗੇ।

ਨਵੀਂ ਦਿੱਲੀ
07 ਅਪ੍ਰੈਲ, 2020

DISCLAIMER : This is an approximate translation. The original is available in English on MEA's website and may be referred to as the official press release.